ੴ ਵਾਹਿਗੁਰੂ ਜੀ ਕੀ ਫਤਹ॥

315

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 21-01-2022 (08 ਮਾਘ ਸੰਮਤ ਨਾਨਕਸ਼ਾਹੀ 553) ਦੇ ਮਤਾ ਨੰਬਰ 154 ਦੀ ਨਕਲ:-**

ਪ੍ਰੋਫੈਸਰ ਦਵਿੰਦਰਪਾਲ ਸਿੰਘ ਭੁੱਲਰ ਦੀ ਰਿਹਾਈ ਦੇ ਕੇਸ ਨੂੰ ਦਿੱਲੀ ਰਾਜ ਦੀ ਅਰਵਿੰਦ ਕੇਜਰੀਵਾਲ ਦੀ ਸਰਕਾਰ ਵੱਲੋਂ ਰੱਦ ਕੀਤੇ ਜਾਣ ਦਾ ਮਾਮਲਾ, **ਪ੍ਰਧਾਨ ਸਾਹਿਬ ਦੀ ਆਗਿਆ ਅਤੇ ਇਕੱਤਰਤਾ ਵਿਚ ਹਾਜ਼ਿਰ ਮੈਂਬਰ ਸਾਹਿਬਾਨ ਦੀ ਸੰਮਤੀ ਨਾਲ ਪੇਸ਼ ਹੋਣ ਤੇ ਪ੍ਰਵਾਨ ਹੋਇਆ ਕਿ ਪ੍ਰੋਫੈਸਰ ਦਵਿੰਦਰਪਾਲ ਸਿੰਘ ਭੁੱਲਰ ਦੀ ਰਿਹਾਈ ਦੇ ਕੇਸ ਨੂੰ ਦਿੱਲੀ ਰਾਜ ਦੀ ਅਰਵਿੰਦ ਕੇਜਰੀਵਾਲ ਦੀ ਸਰਕਾਰ ਵੱਲੋਂ ਰੱਦ ਕੀਤਾ ਜਾਣਾ ਸਿੱਖ ਭਾਵਨਾਵਾਂ ਨਾਲ ਖਿਲਵਾੜ ਹੈ। ਜਿਸ ਨਾਲ ਆਮ ਆਦਮੀ ਪਾਰਟੀ ਦਾ ਸਿੱਖ ਵਿਰੋਧੀ ਚਿਹਰਾ ਸਾਹਮਣੇ ਆ ਚੁੱਕਾ ਹੈ। ਭਾਰਤ ਸਰਕਾਰ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਮੌਕੇ ਸਿੱਖ ਬੰਦੀਆਂ ਦੀ ਰਿਹਾਈ ਦਾ ਐਲਾਨ ਕੀਤਾ ਗਿਆ ਸੀ ਪਰ ਦਿੱਲੀ ਦੀ ਕੇਜਰੀਵਾਲ ਸਰਕਾਰ ਪ੍ਰੋਫੈਸਰ ਭੁੱਲਰ ਦੀ ਫਾਈਲ 'ਤੇ ਸਹੀ ਨਹੀਂ ਪਾ ਰਹੀ। ਇਕ ਪਾਸੇ 1984 ਦੀ ਸਿੱਖ ਨਸਲਕੁਸ਼ੀ ਦੇ ਦੋਸ਼ੀ ਕਿਸ਼ੋਰੀ ਲਾਲ ਨੂੰ ਦਿੱਲੀ ਸਰਕਾਰ ਵੱਲੋਂ ਕਈ ਵਾਰ ਪੈਰੋਲ ਦਿਵਾਈ ਜਾ ਚੁੱਕੀ ਹੈ। ਜਦਕਿ ਦੂਸਰੇ ਪਾਸੇ ਸਾਰੀਆਂ ਰੋਕਾਂ ਖਤਮ ਹੋਣ ਦੇ ਬਾਵਜੂਦ ਪ੍ਰੋਫੈਸਰ ਦਵਿੰਦਰਪਾਲ ਸਿੰਘ ਭੁੱਲਰ ਦੇ ਮਾਮਲੇ ਵਿਚ ਅੜਿਕਾ ਪਾਇਆ ਜਾ ਰਿਹਾ ਹੈ। ਇਸ ਮਾਮਲੇ ਸਬੰਧੀ ਸ਼੍ਰੋਮਣੀ ਗੁ:ਪ੍ਰ:ਕਮੇਟੀ ਭਾਰਤ ਸਰਕਾਰ ਤੱਕ ਪਹੁੰਚ ਕਰੇਗੀ। ਜੇਕਰ ਲੋੜ ਪਈ ਤਾਂ ਕਾਨੂੰਨੀ ਕਾਰਵਾਈ ਵੀ ਕੀਤੀ ਜਾਵੇਗੀ।**

**ਅੱਜ ਦੀ ਇਕੱਤਰਤਾ ਦਿੱਲੀ ਦੇ ਮੁੱਖਮੰਤਰੀ ਅਰਵਿੰਦਰ ਕੇਜਰੀਵਾਲ ਵੱਲੋਂ 1984 ਦੇ ਸਿੱਖ ਕਤਲੇਆਮ ਸਬੰਧੀ ਬੀਤੇ 'ਚ ਕਾਂਗਰਸ ਪਾਰਟੀ ਨੂੰ ਕਲੀਨ ਚਿੱਟ ਦੇਣ ਦੇ ਬਿਆਨ ਦੀ ਵੀ ਨਿਖੇਧੀ ਕਰਦੀ ਹੈ। ਅੱਜ ਦੀ ਇਕੱਤਰਤਾ ਅਰਵਿੰਦ ਕੇਜਰੀਵਾਲ ਦੇ ਅਜਿਹੇ ਦੋਗਲੇ ਕਿਰਦਾਰ ਦੀ ਨਿੰਦਾ ਕਰਦੀ ਹੈ ਅਤੇ ਭਾਰਤ, ਰਾਜ ਸਰਕਾਰਾਂ ਪਾਸੋਂ ਮੰਗ ਕਰਦੀ ਹੈ ਕਿ ਪ੍ਰੋਫੈਸਰ ਦਵਿੰਦਰਪਾਲ ਸਿੰਘ ਭੁੱਲਰ ਦੇ ਨਾਲ-ਨਾਲ ਸਜਾਵਾਂ ਪੂਰੀਆਂ ਕਰ ਚੁੱਕੇ ਦੂਜੇ ਸਿੱਖ ਕੈਦੀਆਂ ਨੂੰ ਵੀ ਰਿਹਾਅ ਕੀਤਾ ਜਾਵੇ।**

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

************************************************************

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 23408

ਮਿਤੀ 01 -02 -2022

ਉਤਾਰਾ:

1. ਸਕੱਤਰ ਜੀ (                ), ਸ਼੍ਰੋਮਣੀ ਗੁ:ਪ੍ਰ:ਕਮੇਟੀ।
2. ਮੀਤ ਸਕੱਤਰ ਜੀ (ਪਬਲੀਸਿਟੀ), ਸ਼੍ਰੋਮਣੀ ਗੁ:ਪ੍ਰ:ਕਮੇਟੀ।
3. ਇੰਚਾਰਜ ਜੀ, ਪਬਲੀਸਿਟੀ,ਸ਼੍ਰੋਮਣੀ ਗੁ:ਪ੍ਰ:ਕਮੇਟੀ।
4. ਇੰਚਾਰਜ ਜੀ ਇੰਟਰਨੈੱਟ ਵਿਭਾਗ, ਸ਼੍ਰੋਮਣੀ ਗੁ:ਪ੍ਰ:ਕਮੇਟੀ।
5. ਇੰਚਾਰਜ ਜੀ, ਆਈ.ਟੀ.ਵਿੰਗ, ਸ਼੍ਰੋਮਣੀ ਗੁ:ਪ੍ਰ:ਕਮੇਟੀ।
6. ਸੰਪਾਦਕ ਜੀ, ਗੁਰਦੁਆਰਾ ਗਜ਼ਟ, ਸ਼੍ਰੋਮਣੀ ਗੁ:ਪ੍ਰ:ਕਮੇਟੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

**(ਮਹਿੰਦਰ ਸਿੰਘ)**
**ਸਕੱਤਰ,**
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ
ਸ੍ਰੀ ਅੰਮ੍ਰਿਤਸਰ ਸਾਹਿਬ।